# ਪੰਜਾਬ ਸਕੂਲ ਸਿੱਖਿਆ ਬੋਰਡ

## (ਪ੍ਰੈੱਸ ਨੋਟ)

## ਪਰੀਖਿਆਵਾਂ ਦੇ ਬਿਹਤਰ ਪ੍ਰਬੰਧਾਂ ਲਈ ਸੂਚਨਾ ਭੇਜਣ ਵਾਸਤੇ ਬੋਰਡ ਵੱਲੋਂ ਕੰਟਰੋਲ ਰੂਮ ਸਥਾਪਿਤ

ਐੱਸ.ਏ.ਐੱਸ ਨਗਰ 13 ਫਰਵਰੀ ( ) ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਬਾਰ੍ਹਵੀਂ ਦੀਆਂ 28 ਫਰਵਰੀ ਅਤੇ ਦਸਵੀਂ ਦੀਆਂ 12 ਮਾਰਚ ਤੋਂ ਸ਼ੁਰੂ ਹੋਣ ਜਾ ਰਹੀਆਂ ਸਲਾਨਾ ਪ੍ਰੀਖਿਆਵਾਂ ਸਬੰਧੀ ਪੁਖਤਾ , ਸਰਬਪੱਖੀ ਅਤੇ ਸਮੇਂ ਸਿਰ ਸਾਰੇ ਇੰਤਜ਼ਾਮ ਕਰਨ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ।

ਪੰਜਾਬ ਸਕੂਲ ਸਿੱਖਿਆ ਬੋਰਡ ਦੇ ਸਕੱਤਰ ਹਰਗੁਣਜੀਤ ਕੌਰ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੋਰਡ ਵੱਲੋਂ ਪ੍ਰੀਖਿਆਵਾਂ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਅਤੇ ਹਰ ਤਰ੍ਹਾਂ ਦੇ ਅੜਿਕਿਆਂ ਅਤੇ ਸਮੱਸਿਆਵਾਂ ਦੇ ਹੱਲ ਲਈ ਬੋਰਡ ਦੇ ਕਰਮਚਾਰੀਆਂ ਤੇ ਅਧਿਕਾਰੀਆਂ ਤੋਂ ਇਲਾਵਾ ਸਿੱਖਿਆ ਵਿਭਾਗ ਦੇ ਆਹਲਾ ਅਧਿਕਾਰੀਆਂ ਦੀ ਸ਼ਮੂਲੀਅਤ ਅਤੇ ਜ਼ਿੰਮੇਵਾਰੀ ਨਿਸ਼ਚਿਤ ਕਰਨ ਲਈ ਬਕਾਇਦਾ ਵਿਭਾਗੀ ਡਿਊਟੀਆਂ ਲਗਾਈਆਂ ਗਈਆਂ ਹਨ ।

ਬੋਰਡ ਦੇ ਸਕੱਤਰ ਨੇ ਦੱਸਿਆ ਕਿ ਇਹਨਾਂ ਇਮਤਿਹਾਨਾਂ 'ਚ ਬੈਠਣ ਵਾਲੇ ਵਿਦਿਆਰਥੀਆਂ ਦੀ ਹਰ ਸਹੂਲਤ ਅਤੇ ਉਨ੍ਹਾਂ ਨੂੰ ਆਉਣ ਵਾਲੀਆਂ ਪ੍ਰੇਸ਼ਾਨੀਆਂ 'ਤੇ ਬੋਰਡ ਅਧਿਕਾਰੀਆਂ ਵੱਲੋਂ ਲਗਾਤਾਰ ਪੂਰੀ ਨਜ਼ਰ ਰੱਖੀ ਜਾ ਰਹੀ ਹੈ।

ਉਨ੍ਹਾਂ ਮੀਡੀਆ ਨੂੰ ਜਾਣਕਾਰੀ ਦਿੰਦਿਆਂ ਕਿਹਾ ਕਿ ਇਮਤਿਹਾਨਾਂ 'ਚ ਬੈਠਣ ਵਾਲੇ ਵਿਦਿਆਰਥੀ ਅਤੇ ਇਮਤਿਹਾਨਾਂ ਲਈ ਹਰ ਤਰ੍ਹਾਂ ਦੇ ਪ੍ਰਬੰਧ ਨਾਲ ਜੁੜੀ ਕੋਈ ਵੀ ਸਮੱਸਿਆ ਹੱਲ ਕਰਨ ਲਈ ਬੋਰਡ ਵੱਲੋਂ ਕੰਟਰੋਲ ਰੂਮ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਕੰਟਰੋਲ ਰੂਮ 'ਚ ਲੈਂਡ ਲਾਈਨ ਨੰਬਰਾਂ ●172-5227136,5227137 ਤੇ ਸਵੇਰੇ 8 ਵਜੇ ਤੋਂ ਲੈ ਕੇ ਰਾਤ 8 ਵਜੇ ਤੱਕ ਸੂਚਨਾ ਪ੍ਰਾਪਤ ਕੀਤੀ ਜਾਵੇਗੀ ਅਤੇ ਮੋਬਾਇਲ ਦੇ ਨੰਬਰਾਂ 6239●877●9 ਅਤੇ 6239●68621 ਤੇ ਵਟਸਐਪ ਰਾਹੀਂ ਸੂਚਨਾ ਦਾ ਅਦਾਨ ਪ੍ਰਦਾਨ ਕੀਤਾ ਜਾ ਸਕੇਗਾ ਉਨ੍ਹਾਂ ਕਿਹਾ ਇਮਤਿਹਾਨਾਂ ਨਾਲ ਸਬੰਧਿਤ ਟੈਕਸਟ ਮੈਸਿਜ ਰਾਹੀਂ ਕਿਸੇ ਸਮੇਂ ਵੀ ਰਾਇ, ਸੁਝਾਅ ਆਦਿ ਭੇਜ ਕੇ ਇਮਤਿਹਾਨਾਂ 'ਚ ਉਸਾਰੂ ਯੋਗਦਾਨ ਪਾਉਣ ਲਈ ਅਤੇ ਕੀਤੇ ਜਾ ਰਹੇ ਪ੍ਰਬੰਧਾਂ ਨੂੰ ਹੋਰ ਬਿਹਤਰ ਅਤੇ ਸਰਲ ਬਣਾਉਣ ਲਈ ਬੋਰਡ ਨਾਲ ਸੰਪਰਕ ਕੀਤਾ ਜਾ ਸਕਦਾ ਹੈ ।

**ਮਿਤੀ:-13-02-2018**

ਕੋਮਲ ਸਿੰਘ
ਲੋਕ ਸੰਪਰਕ ਦਫ਼ਤਰ
ਪੰਜਾਬ ਸਕੂਲ ਸਿੱਖਿਆ ਬੋਰਡ